# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 04-04-2025**

- ਕੇਂਦਰੀ ਮੰਤਰੀ ਮੰਡਲ ਨੇ ਛੇ ਹਜ਼ਾਰ 839 ਕਰੋੜ ਰੁਪਏ ਦੇ ਕੁੱਲ ਖਰਚ ਅਤੇ 100 ਫੀਸਦੀ ਕੇਂਦਰੀ ਫੰਡਿੰਗ ਨਾਲ ਵਾਈਬ੍ਰੈਂਟ ਵਿਲੇਜ ਪ੍ਰੋਗਰਾਮ-2 ਨੂੰ ਪ੍ਰਵਾਨਗੀ ਦੇ ਦਿੱਤੀ ਏ। ਇਸ ਪ੍ਰੋਗ੍ਰਾਮ ਵਿਚ ਪੰਜਾਬ ਵੀ ਸ਼ਾਮਿਲ ਏ .
- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਕਿਹਾ ਏ ਕਿ ਰਾਜ ਵਿੱਚ ਡਰੋਨਾਂ ਰਾਹੀਂ ਸਰਹੱਦ ਪਾਰ ਤੋਂ ਨਸ਼ੀਲੇ ਪਦਾਰਥਾਂ ਅਤੇ ਹਥਿਆਰਾਂ ਦੀ ਤਸਕਰੀ ਨਾਲ ਨਜਿੱਠਣ ਲਈ, ਕੇਂਦਰ ਨੇ ਡਰੋਨ ਵਿਰੋਧੀ 24 ਹੋਰ ਸਿਸਟਮ ਮਨਜ਼ੂਰ ਕੀਤੇ ਨੇ.
- ਸੂਬੇ ਦੇ ਕੈਬਿਨੇਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਏ ਕਿ ਇਸ ਸਾਲ ਕਣਕ ਦੀ ਵੱਡੀ ਪੈਦਾਵਾਰ ਦੀ ਉਮੀਦ ਦੇ ਮੱਦੇਨਜ਼ਰ, 124 ਲੱਖ ਮੀਟ੍ਰਿਕ ਟਨ ਕਣਕ ਦੀ ਖ਼ਰੀਦ ਦਾ ਟੀਚਾ ਰੱਖਿਆ ਗਿਆ ਏ।

- ਕੈਬਿਨੇਟ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਏ ਕਿ ਪੰਜਾਬ ਸਰਕਾਰ ਵੱਲੋਂ ਚਲਾਏ ਜਾ ਰਹੇ 'ਪ੍ਰੋਜੈਕਟ ਜੀਵਨਜੋਤ' ਤਹਿਤ ਹੁਣ ਤੱਕ 268 ਬੱਚਿਆਂ ਨੂੰ ਬਚਾਇਆ ਜਾ ਚੁਕਿਆ ਏ.
- ਭਾਰਤ ਦਾ ਹਿਤੇਸ਼ ਅੱਜ ਬ੍ਰਾਜ਼ੀਲ ਵਿੱਚ ਹੋਣ ਵਾਲੇ ਮੁੱਕੇਬਾਜ਼ੀ ਵਿਸ਼ਵ ਕੱਪ-2025 ਦੇ ਫਾਈਨਲ ਵਿੱਚ ਪਹੁੰਚਣ ਵਾਲਾ ਪਹਿਲਾ ਮੁੱਕੇਬਾਜ਼ ਬਣ ਗਿਆ ਏ.

---------------------------------------------------------

ਕੇਂਦਰੀ ਮੰਤਰੀ ਮੰਡਲ ਨੇ ਛੇ ਹਜ਼ਾਰ 839 ਕਰੋੜ ਰੁਪਏ ਦੇ ਕੁੱਲ ਖਰਚ ਨਾਲ 100 ਫੀਸਦੀ ਕੇਂਦਰੀ ਫੰਡਿੰਗ ਨਾਲ ਵਾਈਬ੍ਰੈਂਟ ਵਿਲੇਜ ਪ੍ਰੋਗਰਾਮ-2 ਨੂੰ ਵੀ ਪ੍ਰਵਾਨਗੀ ਦੇ ਦਿੱਤੀ ਏ। ਪੰਜਾਬ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਜੰਮੂ – ਕਸ਼ਮੀਰ ਤੇ ਲਦਾਖ ਵੀ ਉਨ੍ਹਾਂ ਰਾਜਾਂ ਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਵਿਚ ਸ਼ਾਮਿਲ ਨੇ ਜਿੱਥੇ ਇਹ ਪ੍ਰੋਗਰਾਮ ਚੋਣਵੇਂ ਰਣਨੀਤਕ ਪਿੰਡਾਂ ਵਿੱਚ ਲਾਗੂ ਕੀਤਾ ਜਾਵੇਗਾ. ਅੱਜ ਨਵੀਂ ਦਿੱਲੀ ਵਿੱਚ ਮੀਡੀਆ ਨੂੰ ਜਾਣਕਾਰੀ ਦਿੰਦੇ ਹੋਏ, ਸੂਚਨਾ ਅਤੇ ਪ੍ਰਸਾਰਣ ਮੰਤਰੀ ਅਸ਼ਵਨੀ ਵੈਸ਼ਨਵ ਨੇ ਕਿਹਾ ਕਿ, ਇਹ ਪ੍ਰੋਗਰਾਮ ਅੰਤਰਰਾਸ਼ਟਰੀ ਜ਼ਮੀਨੀ ਸਰਹੱਦਾਂ ਨਾਲ ਲੱਗਦੇ ਬਲਾਕਾਂ ਵਿੱਚ ਸਥਿਤ ਪਿੰਡਾਂ ਦੇ ਵਿਆਪਕ ਵਿਕਾਸ ਵਿੱਚ ਸਹਾਇਤਾ ਕਰੇਗਾ-

**BYTE -**

ਉਨ੍ਹਾਂ ਕਿਹਾ ਕਿ, ਪ੍ਰੋਗਰਾਮ ਦਾ ਉਦੇਸ਼ ਖੁਸ਼ਹਾਲ ਅਤੇ ਸੁਰੱਖਿਅਤ ਸਰਹੱਦਾਂ ਨੂੰ ਯਕੀਨੀ ਬਣਾਉਣ ਲਈ ਰਹਿਣ-ਸਹਿਣ ਦੀਆਂ ਬਿਹਤਰ ਸਥਿਤੀਆਂ ਅਤੇ ਰੋਜ਼ੀ-ਰੋਟੀ ਦੇ ਢੁਕਵੇਂ ਮੌਕੇ ਪੈਦਾ ਕਰਨਾ ਏ । ਇਹ ਸੈਰ-ਸਪਾਟਾ ਸੰਭਾਵਨਾ ਨੂੰ ਵਧਾਏਗਾ ਅਤੇ ਇਨ੍ਹਾਂ ਪਿੰਡਾਂ ਦੇ ਸਥਾਨਕ ਸੱਭਿਆਚਾਰ ਅਤੇ ਵਿਰਸੇ ਨੂੰ ਉਤਸ਼ਾਹਿਤ ਕਰੇਗਾ। ਇਹ ਪ੍ਰੋਗਰਾਮ 100 ਫੀਸਦੀ ਕੇਂਦਰ ਦੀ FUNDING ਵਾਲੀ ਇੱਕ ਕੇਂਦਰੀ ਖੇਤਰ ਦੀ ਯੋਜਨਾ ਏ, ਜੋ 'ਸੁਰੱਖਿਅਤ, ਸੁਰੱਖਿਅਤ ਅਤੇ ਜੀਵੰਤ ਜ਼ਮੀਨੀ ਸਰਹੱਦਾਂ' ਲਈ 2047 ਤਕ ਵਿਕਸਿਤ ਭਾਰਤ ਦੇ ਦ੍ਰਿਸ਼ਟੀਕੋਣ ਲਈ ਆਪਣੀ ਵਚਨਬੱਧਤਾ ਨੂੰ ਅੱਗੇ ਵਧਾਉਂਦੀ ਏ । ਇਹ ਪ੍ਰੋਗਰਾਮ ਪਿੰਡ ਜਾਂ ਪਿੰਡਾਂ ਦੇ ਸਮੂਹ ਦੇ ਅੰਦਰ ਬੁਨਿਆਦੀ ਢਾਂਚੇ ਦੇ ਵਿਕਾਸ ਲਈ ਫੰਡ ਪ੍ਰਦਾਨ ਕਰੇਗਾ ਅਤੇ ਸਰਹੱਦੀ ਖੇਤਰਾਂ ਵਿੱਚ ਉਪਜੀਵਿਕਾ ਦੇ ਵਖੋ – ਵਖ ਅਤੇ ਨਿਰੰਤਰ ਰਹਿਣ ਯੋਗ ਮੌਕੇ ਪੈਦਾ ਕਰੇਗਾ।

---------------------------------------------------------------

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਕਿਹਾ ਏ ਕਿ ਰਾਜ ਵਿੱਚ ਡਰੋਨਾਂ ਰਾਹੀਂ ਸਰਹੱਦ ਪਾਰ ਤੋਂ ਨਸ਼ੀਲੇ ਪਦਾਰਥਾਂ ਅਤੇ ਹਥਿਆਰਾਂ ਦੀ ਤਸਕਰੀ ਨਾਲ ਨਜਿੱਠਣ ਲਈ, ਕੇਂਦਰ ਨੇ ਪਹਿਲਾਂ ਹੀ 9 ਡਰੋਨ ਵਿਰੋਧੀ ਸਿਸਟਮ ਦਿੱਤੇ ਨੇ ਅਤੇ ਅਜਿਹੇ 24 ਹੋਰ ਸਿਸਟਮ

ਮਨਜ਼ੂਰ ਵੀ ਕੀਤੇ ਗਏ ਨੇ. ਸਰਹੱਦ ਪਾਰ ਤਸਕਰੀ ਨੂੰ ਰੋਕਣ ਲਈ ਇਨ੍ਹਾਂ ਨੂੰ ਪੰਜਾਬ ਵਿੱਚ ਭਾਰਤ-ਪਾਕਿਸਤਾਨ ਅੰਤਰਰਾਸ਼ਟਰੀ ਸਰਹੱਦ 'ਤੇ ਲਾਇਆ ਜਾਵੇਗਾ । ਅੱਜ ਮੀਡੀਆ ਨਾਲ ਗੱਲਬਾਤ ਕਰਦਿਆਂ, ਸਰਹੱਦੀ ਜ਼ਿਲ੍ਹਾ ਗੁਰਦਾਸਪੁਰ ਤੋਂ ਕੱਲ੍ਹ ਸ਼ੁਰੂ ਹੋਈ 'ਨਸ਼ਿਆਂ ਵਿਰੁੱਧ ਪੈਦਲ ਯਾਤਰਾ' ਦੇ ਦੂਜੇ ਦਿਨ, ਰਾਜਪਾਲ ਨੇ ਕਿਹਾ ਕਿ ਰਾਜ ਸਰਕਾਰ ਨੇ ਸਰਹੱਦ ਪਾਰ ਡਰੋਨ ਵਿਰੋਧੀ ਸਿਸਟਮ ਲਾਉਣ ਲਈ 10 ਕਰੋੜ ਰੁਪਏ ਵੀ ਰੱਖੇ ਨੇ.

**ਰਾਜਪਾਲ BYTE:**

ਡੇਰਾ ਬਾਬਾ ਨਾਨਕ ਤੋਂ ਸ਼ੁਰੂ ਹੋਈ 6 ਦਿਨਾਂ ਦੀ ਇਹ ਪੈਦਲ ਯਾਤਰਾ 8 ਮਾਰਚ ਨੂੰ ਜਲ੍ਹਿਆਂਵਾਲਾ ਬਾਗ ਵਿਖੇ ਸਮਾਪਤ ਹੋਵੇਗੀ।

---------------------------------------------------

ਪੰਜਾਬ ਦੇ ਖੁਰਾਕ, ਸਿਵਲ ਸਪਲਾਈ ਅਤੇ ਖ਼ਪਤਕਾਰ ਮਾਮਲਿਆਂ ਬਾਰੇ ਮੰਤਰੀ ਸ਼੍ਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਏ ਕਿ ਇਸ ਸਾਲ ਕਣਕ ਦੀ ਵੱਡੀ ਪੈਦਾਵਾਰ ਹੋਣ ਦੀ ਉਮੀਦ ਨੂੰ ਵੇਖਦਿਆਂ, 124 ਲੱਖ ਮੀਟ੍ਰਿਕ ਟਨ ਕਣਕ ਦੀ ਖ਼ਰੀਦ ਦਾ ਟੀਚਾ ਰੱਖਿਆ ਗਿਆ ਏ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਪੂਰੇ ਸੀਜ਼ਨ ਨੂੰ ਸੁਚਾਰੂ ਬਣਾਉਣ ਲਈ ਕਣਕ ਦੀ ਖ਼ਰੀਦ ਲਈ 28, ਹਜ਼ਾਰ 894 ਕਰੋੜ ਰੁਪਏ ਦੀ ਨਕਦ ਕਰਜ਼ਾ ਸੀਮਾ ਪਹਿਲਾਂ ਹੀ ਪ੍ਰਾਪਤ ਕਰ ਲਈ ਏ । ਓਹਨਾਂ ਭਰੋਸਾ ਦਿਵਾਇਆ ਕਿ

ਕਿਸਾਨਾਂ ਨੂੰ ਫ਼ਸਲ ਦੀ ਖ਼ਰੀਦ ਦੇ 24 ਘੰਟਿਆਂ ਦੇ ਅੰਦਰ ਅਦਾਇਗੀ ਪ੍ਰਾਪਤ ਹੋ ਜਾਵੇਗੀ । ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਘੱਟੋ-ਘੱਟ ਸਮਰਥਨ ਮੁੱਲ (ਐਮ.ਐਸ.ਪੀ.) 2, ਹਜ਼ਾਰ 425 ਰੁਪਏ ਪ੍ਰਤੀ ਕੁਇੰਟਲ ਤੈਅ ਕੀਤਾ ਗਿਆ ਏ ।

**Byte-**

ਕੈਬਨਿਟ ਮੰਤਰੀ ਅੱਜ ਇਥੇ ਜਲੰਧਰ, ਹੁਸ਼ਿਆਰਪੁਰ, ਕਪੂਰਥਲਾ ਅਤੇ ਸ਼ਹੀਦ ਭਗਤ ਸਿੰਘ ਨਗਰ ਸਮੇਤ ਚਾਰ ਜ਼ਿਲ੍ਹਿਆਂ ਦੇ ਸੀਨੀਅਰ ਅਧਿਕਾਰੀਆਂ ਨਾਲ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰ ਰਹੇ ਸਨ । ਮੀਡੀਆ ਨਾਲ ਗੱਲਬਾਤ ਕਰਦਿਆਂ ਕੈਬਨਿਟ ਮੰਤਰੀ ਨੇ ਦੱਸਿਆ ਕਿ ਸੂਬੇ ਵਿੱਚ ਚੱਲ ਰਹੇ ਕਣਕ ਦੇ ਖ਼ਰੀਦ ਸੀਜ਼ਨ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਲਈ 8 ਲੱਖ ਤੋਂ ਵੱਧ ਕਿਸਾਨਾਂ ਦੀ ਸਹੂਲਤ ਲਈ ਵਿਆਪਕ ਪ੍ਰਬੰਧ ਕੀਤੇ ਗਏ ਨੇ. ਓਹਨਾਂ ਦੱਸਿਆ ਕਿ ਲੋੜੀਂਦੇ ਬਾਰਦਾਨੇ ’ਚੋਂ 99 ਫੀਸਦੀ ਦਾ ਪ੍ਰਬੰਧ ਕਰ ਲਿਆ ਗਿਆ ਏ ਅਤੇ ਢੁਕਵੇਂ ਭੰਡਾਰਨ ਲਈ ਲੋੜੀਂਦੀ ਥਾਂ ਅਤੇ ਕਰੇਟਾਂ ਦਾ ਵੀ ਇੰਤਜ਼ਾਮ ਯਕੀਨੀ ਬਣਾਇਆ ਗਿਆ ਏ । ਓਹਨਾਂ ਦਸਿਆ ਕਿ ਫ਼ਸਲ ਦੀ ਭਾਰੀ ਆਮਦ ਨੂੰ ਧਿਆਨ ਵਿੱਚ ਰੱਖਦਿਆਂ ਪੰਜਾਬ ਸਰਕਾਰ ਵੱਲੋਂ ਰਾਜ ਭਰ ਵਿੱਚ 1 ਹਜ਼ਾਰ 864 ਖ਼ਰੀਦ ਕੇਂਦਰ ਜਾਂ (ਮੰਡੀਆਂ) ਕਾਇਮ ਕੀਤੀਆਂ ਗਈਆਂ ਨੇ, ਜਿੱਥੇ ਕਿਸਾਨ ਆਪਣੀ ਕਣਕ ਦੀ ਫ਼ਸਲ ਦੀ ਵਿਕਰੀ ਕਰ

ਸਕਦੇ ਨੇ. 600 ਦੇ ਕਰੀਬ ਆਰਜ਼ੀ ਖ਼ਰੀਦ ਕੇਂਦਰ ਵੀ ਕਾਇਮ ਕੀਤੇ ਗਏ ਨੇ.

---------------------------------------------------------------

ਸੂਬੇ ਦੇ ਸਮਾਜਿਕ ਸੁਰੱਖਿਆ, ਔਰਤ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਏ ਕਿ ਪੰਜਾਬ ਸਰਕਾਰ ਵੱਲੋਂ ਚਲਾਏ ਜਾ ਰਹੇ 'ਪ੍ਰੋਜੈਕਟ ਜੀਵਨਜੋਤ' ਤਹਿਤ ਜੁਲਾਈ 2024 'ਚ ਇਸਦੇ ਲਾਗੂ ਹੋਣ ਤੋਂ ਲੈ ਕੇ ਹੁਣ ਤੱਕ 268 ਬੱਚਿਆਂ ਨੂੰ ਬਚਾਇਆ ਜਾ ਚੁਕਿਆ ਏ. ਓਹਨਾਂ ਦੱਸਿਆ ਕਿ ਇਨ੍ਹਾਂ ਬੱਚਿਆਂ ਵਿੱਚੋਂ ਬਿਨਾਂ ਸਰਪ੍ਰਸਤੀ ਵਾਲੇ 19 ਬੱਚਿਆਂ ਨੂੰ ਸਰਕਾਰੀ ਬਾਲ ਘਰਾਂ ਵਿੱਚ ਰੱਖ ਕੇ ਉਨ੍ਹਾਂ ਨੂੰ ਮੁਫ਼ਤ ਸਿੱਖਿਆ, ਪੌਸ਼ਟਿਕ ਭੋਜਨ ਅਤੇ ਸਿਹਤ ਸਹੂਲਤਾਂ ਮੁਹਈਆ ਕਰਵਾਈਆਂ ਜਾ ਰਹੀਆਂ ਨੇ. ਉਨ੍ਹਾਂ ਇਹ ਵੀ ਦੱਸਿਆ ਕਿ ਬਾਕੀ ਬੱਚਿਆਂ ਨੂੰ ਬਾਲ ਭਲਾਈ ਕਮੇਟੀਆਂ ਰਾਹੀਂ ਉਨ੍ਹਾਂ ਦੇ ਪਰਿਵਾਰਾਂ ਦੇ ਸਪੁਰਦ ਕੀਤਾ ਗਿਆ ਏ। ਡਾ. ਬਲਜੀਤ ਕੌਰ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਪੰਜਾਬ ਸਰਕਾਰ ਭੀਖ ਮੰਗਣ ਵਾਲੇ ਬੱਚਿਆਂ ਦੀ ਸੰਭਾਲ ਲਈ ਹਰ ਸੰਭਵ ਕੋਸ਼ਿਸ਼ ਕਰ ਰਹੀ ਏ. ਇਸੇ ਤਹਿਤ'ਪ੍ਰੋਜੈਕਟ ਜੀਵਨਜੋਤ' ਚਲਾਇਆ ਗਿਆ ਏ ਜਿਸਦਾ ਮੁੱਖ ਉਦੇਸ਼ ਭੀਖ ਮੰਗਣ ਵਾਲੇ ਬੱਚਿਆਂ ਨੂੰ ਸੜਕਾਂ ਤੋਂ ਬਚਾ ਕੇ ਉਨ੍ਹਾਂ ਦਾ ਮੁੜ ਵਸੇਬਾ ਕਰਨਾ ਅਤੇ ਉਨ੍ਹਾਂ ਨੂੰ ਸਮਾਜ ਨਾਲ ਦੁਬਾਰਾ ਜੋੜਨਾ ਏ। ਇਹ ਪ੍ਰੋਜੈਕਟ ਜ਼ਿਲ੍ਹਾ ਪੱਧਰ 'ਤੇ ਬਣਾਈ

ਗਈ ਟਾਸਕ ਫੋਰਸਾਂ ਰਾਹੀਂ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕੀਤਾ ਜਾ ਰਿਹਾ ਏ।

---------------------------------------------------------------

ਜਲੰਧਰ ਪ੍ਰਸਾਸ਼ਨ ਵੱਲੋਂ ਅੱਜ ਗੈਰ-ਕਾਨੂੰਨੀ ਢੰਗ ਨਾਲ ਚਲਾਏ ਜਾ ਰਹੇ ਇੱਕ ਨਿਜੀ ਨਸ਼ਾ ਛੁਡਾਊ ਕੇਂਦਰ ’ਤੇ ਛਾਪੇਮਾਰੀ ਕਰਕੇ 34 ਨੌਜਵਾਨਾਂ ਨੂੰ ਛੁਡਾਇਆ ਗਿਆ ਅਤੇ ਨਸ਼ਾ ਛੁਡਾਊ ਕੇਂਦਰ ਨੂੰ ਸੀਲ ਕਰ ਦਿੱਤਾ ਗਿਆ। ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਜਾਂਚ ਟੀਮ ਵੱਲੋਂ ਜਮਸ਼ੇਰ ਵਿਖੇ ਕੀਤੀ ਗਈ ਛਾਪੇਮਾਰੀ ਦੌਰਾਨ ਸਾਹਮਣੇ ਆਇਆ ਕਿ ‘ਸਾਹਿਬਜ਼ਾਦਾ ਫਤਹਿ ਸਿੰਘ ਗੁਰਮਤਿ ਵਿਦਿਆਲਿਆ’ ਦੇ ਨਾਂਅ ਹੇਠ ਗੈਰ-ਕਾਨੂੰਨੀ ਢੰਗ ਨਾਲ ਪ੍ਰਾਈਵੇਟ ਨਸ਼ਾ ਛੁਡਾਊ ਕੇਂਦਰ ਚਲਾਇਆ ਜਾ ਰਿਹਾ ਸੀ। ਉਨ੍ਹਾਂ ਦੱਸਿਆ ਕਿ ਛਾਪੇਮਾਰੀ ਦੌਰਾਨ ਇਥੇ ਗੈਰ-ਕਾਨੂੰਨੀ ਢੰਗ ਨਾਲ ਰੱਖੇ 34 ਨੌਜਵਾਨਾਂ ਨੂੰ ਛੁਡਵਾਇਆ ਗਿਆ। ਉਨ੍ਹਾਂ ਦੱਸਿਆ ਕਿ ਸਾਰੇ ਨੌਜਵਾਨਾਂ ਨੂੰ ਸਿਵਲ ਹਸਪਤਾਲ ਜਲੰਧਰ ਵਿਖੇ ਸਥਾਪਿਤ ਨਸ਼ਾ ਛੁਡਾਊ ਕੇਂਦਰ ਵਿਖੇ ਭੇਜ ਦਿੱਤਾ ਗਿਆ ਏ, ਜਿਥੇ ਉਨ੍ਹਾਂ ਦਾ ਉਚਿਤ ਇਲਾਜ ਯਕੀਨੀ ਬਣਾਇਆ ਜਾਵੇਗਾ। ਉਨ੍ਹਾਂ ਇਹ ਵੀ ਕਿਹਾ ਕਿ ਦੋਸ਼ੀਆਂ ਖਿਲਾਫ਼ ਕਾਨੂੰਨ ਅਨੁਸਾਰ ਬਣਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ ਅਤੇ ਨੇਮਾਂ ਦੀ ਉਲੰਘਣਾ ਕਰਨ ਵਾਲਿਆਂ ਨੂੰ ਕਿਸੇ ਕੀਮਤ ’ਤੇ

ਬਖਸ਼ਿਆ ਨਹੀਂ ਜਾਵੇਗਾ ।ਡਾ. ਅਗਰਵਾਲ ਨੇ ਦੱਸਿਆ ਕਿ ‘ਯੁੱਧ ਨਸ਼ਿਆਂ ਵਿਰੁੱਧ’ ਮੁਹਿੰਮ ਤਹਿਤ ਨਸ਼ਾ ਪ੍ਰਭਾਵਿਤ ਵਿਅਕਤੀਆਂ ਨੂੰ ਨਸ਼ੇ ਦੀ ਦਲਦਲ ਵਿਚੋਂ ਕੱਢਣ ਅਤੇ ਮੁੜ ਵਸੇਬੇ ਲਈ ਠੋਸ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਨੇ. ਉਨ੍ਹਾਂ ਦੱਸਿਆ ਕਿ ਇਸ ਮੁਹਿੰਮ ਸਦਕਾ ਜ਼ਿਲ੍ਹੇ ਦੇ ਸਿਵਲ ਹਸਪਤਾਲ ਦੇ ਨਸ਼ਾ ਛੁਡਾਊ ਕੇਂਦਰ ਵਿੱਚ ਓ.ਪੀ.ਡੀ. ਵਿੱਚ 20 ਫੀਸਦੀ ਅਤੇ ਦਾਖ਼ਲੇ ਵਿੱਚ 65 ਫੀਸਦੀ ਵਾਧਾ ਹੋਇਆ ਏ । ਇਸੇ ਤਰ੍ਹਾਂ ਸ਼ੇਖੇ ਪਿੰਡ ਦੇ ਮੁੜ ਵਸੇਬਾ ਕੇਂਦਰ ਵਿੱਚ 40 ਫੀਸਦੀ ਵਾਧਾ ਹੋਇਆ ਏ । ਉਨ੍ਹਾਂ ਅਪੀਲ ਕਰਦਿਆਂ ਕਿਹਾ ਕਿ ਨਸ਼ਾ ਛੱਡਣ ਬਾਰੇ ਕਿਸੇ ਵੀ ਤਰ੍ਹਾਂ ਦੀ ਸਹਾਇਤਾ ਲਈ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਜਾਰੀ ਨਸ਼ਾ ਛੁਡਾਊ ਕੇਂਦਰ ਦੇ ਹੈਲਪਲਾਈਨ ਨੰਬਰ 0181-2911960 'ਤੇ ਸੰਪਰਕ ਕੀਤਾ ਜਾ ਸਕਦਾ ਏ ।

---------------------------------------------------------------

ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ Patiala ਵਿਚ ਸਰਕਾਰੀ ਰਾਜਿੰਦਰਾ ਹਸਪਤਾਲ ਦੀ ਐਮਰਜੈਂਸੀ ਵਿਖੇ ਪੰਜਾਬ ਸਰਕਾਰ ਵੱਲੋਂ ਮਰੀਜਾਂ ਲਈ ਮੁਫ਼ਤ ਦਵਾਈਆਂ ਦੀ ਸ਼ੁਰੂਆਤ ਕਰਵਾਈ। ਉਨ੍ਹਾਂ ਨੇ ਇਸ ਮੌਕੇ ਗੁਰਦੇ ਦੇ ਮਰੀਜਾਂ ਦੇ ਡਾਇਲੇਸਿਸ ਲਈ ਨਵੀਂ ਮਸ਼ੀਨ ਅਤੇ ਹਸਪਤਾਲ ਅੰਦਰ ਨਵੇਂ ਲਗਾਏ ਗਏ 8 ਵਾਟਰ ਕੂਲਰ ਵੀ ਮਰੀਜਾਂ ਨੂੰ ਸਮਰਪਿਤ ਕੀਤੇ। ਉਨ੍ਹਾਂ ਕਿਹਾ ਕਿ

ਐਮਰਜੈਂਸੀ ਵਿਖੇ ਹੁਣ ਮਰੀਜਾਂ ਦੇ ਪਰਿਵਾਰ ਵਾਲਿਆਂ ਤੇ ਰਿਸ਼ਤੇਦਾਰਾਂ ਨੂੰ ਬਾਹਰੋਂ ਕੋਈ ਦਵਾਈ ਨਹੀਂ ਮੰਗਵਾਉਣੀ ਪਵੇਗੀ । ਡਾ. ਬਲਬੀਰ ਸਿੰਘ ਨੇ ਮੀਡੀਆ ਨਾਲ ਗ਼ੈਰ ਰਸਮੀ ਗੱਲਬਾਤ ਕਰਦਿਆਂ ਦੱਸਿਆ ਕਿ ਪੰਜਾਬ ਸਰਕਾਰ ਨੇ 2022 'ਚ 80 ਦੇ ਕਰੀਬ ਮੁਫ਼ਤ ਦਵਾਈਆਂ ਦੀ ਸ਼ੁਰੂਆਤ ਸੂਬੇ ਵਿੱਚ ਸਿਹਤ ਕਰਾਂਤੀ ਲਿਆਉਣ ਦੇ ਮਕਸਦ ਨਾਲ ਸ਼ੁਰੂ ਕੀਤੇ ਆਮ ਆਦਮੀ ਕਲੀਨਿਕਾਂ ਤੋਂ ਕੀਤੀ ਸੀ, ਜਿੱਥੋਂ 3 ਕਰੋੜ ਲੋਕ ਇਸ ਸਹੂਲਤ ਦਾ ਲਾਭ ਲੈ ਚੁੱਕੇ ਨੇ. ਇਸ ਤੋਂ ਬਾਅਦ 26 ਜਨਵਰੀ 2024 'ਚ ਸੈਕੰਡਰੀ ਹੈਲਥ ਕੇਅਰ ਜ਼ਿਲ੍ਹਾ ਹਸਪਤਾਲਾਂ, ਸਬ ਡਵੀਜਨ ਹਸਪਤਾਲ ਤੇ ਕਮਿਊਨਿਟੀ ਹੈਲਥ ਸੈਂਟਰਾਂ 'ਚ ਇਸ ਸਹੂਲਤ ਦੀ ਸ਼ੁਰੂਆਤ ਕੀਤੀ ਗਈ ਏ । ਹੁਣ ਟਰਸ਼ਰੀ ਕੇਅਰ ਤਹਿਤ ਰਾਜਿੰਦਰਾ ਹਸਪਤਾਲ ਦੀ ਐਮਰਜੈਂਸੀ ਤੋਂ 100 ਫ਼ੀਸਦੀ ਮੁਫ਼ਤ ਦਵਾਈਆਂ ਦੇਣ ਦੀ ਸ਼ੁਰੂਆਤ ਕੀਤੀ ਗਈ ਏ ਅਤੇ ਪੜਾਅਵਾਰ ਸਾਰੇ ਪੰਜਾਬ ਵਿੱਚ ਦਵਾਈਆਂ ਮੁਫ਼ਤ ਮਿਲਣੀਆਂ ਸ਼ੁਰੂ ਹੋ ਜਾਣਗੀਆਂ। ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਪ੍ਰਾਇਮਰੀ ਅਤੇ ਸੈਕੰਡਰੀ ਕੇਅਰ ਹਸਪਤਾਲ ਵਿਖੇ ਡਾਕਟਰ ਕੋਈ ਦਵਾਈ ਬਾਹਰੋਂ ਲਿਖਕੇ ਨਹੀਂ ਦੇ ਰਹੇ ਅਤੇ 276 ਜਰੂਰੀ ਦਵਾਈਆਂ ਦੀ ਸੂਚੀ 'ਚ ਸ਼ਾਮਲ ਸਾਰੀਆਂ ਦਵਾਈਆਂ ਮੁਫ਼ਤ ਮਿਲ ਰਹੀਆਂ ਨੇ, ਹਾਲਾਂਕਿ ਜਿਹੜੀਆਂ ਦਵਾਈਆਂ ਇਸ ਸੂਚੀ ਤੋਂ ਬਾਹਰ ਨੇ, ਉਹ ਵੀ ਸਬੰਧਤ SMOs ਵੱਲੋਂ ਖਰੀਦ ਕੇ ਦਿੱਤੀਆਂ ਜਾ ਰਹੀਆਂ

ਨੇ. ਓਹਨਾਂ ਕਿਹਾ ਕਿ ਜੇਕਰ ਦਵਾਈਆਂ ਨਹੀਂ ਮਿਲਦੀਆਂ ਤਾਂ SMOs ਇਸ ਬਾਰੇ ਜਵਾਬ ਦੇਹ ਹੋਣਗੇ।

---------------------------------------------------------------

ਭਾਰਤ ਦਾ ਹਿਤੇਸ਼ ਅੱਜ ਬ੍ਰਾਜ਼ੀਲ ਵਿੱਚ ਹੋਣ ਵਾਲੇ ਮੁੱਕੇਬਾਜ਼ੀ ਵਿਸ਼ਵ ਕੱਪ-2025 ਦੇ ਫਾਈਨਲ ਵਿੱਚ ਪਹੁੰਚਣ ਵਾਲਾ ਪਹਿਲਾ ਮੁੱਕੇਬਾਜ਼ ਬਣ ਗਿਆ ਏ. ਉਸ ਨੇ 70 ਕਿਲੋ ਭਾਰ ਵਰਗ ਵਿੱਚ ਸੈਮੀਫਾਈਨਲ ਵਿੱਚ ਫਰਾਂਸ ਦੇ ਮਾਕਨ ਟਰੋਰੇ ਨੂੰ ਹਰਾਇਆ । ਇਸ ਦੌਰਾਨ ਹੋਰ ਭਾਰਤੀ ਮੁੱਕੇਬਾਜ਼ ਜਦੂਮਣੀ ਸਿੰਘ, ਸਚਿਨ ਸਿਵਾਚ ਅਤੇ ਵਿਸ਼ਾਲ ਨੇ ਆਪੋ-ਆਪਣੇ ਭਾਰ ਵਰਗ ਵਿੱਚ ਕਾਂਸੀ ਦੇ ਤਗਮੇ ਜਿੱਤੇ ।

---------------------------------------------------------------

- ਕੇਂਦਰੀ ਮੰਤਰੀ ਮੰਡਲ ਨੇ ਛੇ ਹਜ਼ਾਰ 839 ਕਰੋੜ ਰੁਪਏ ਦੇ ਕੁੱਲ ਖਰਚ ਅਤੇ 100 ਫੀਸਦੀ ਕੇਂਦਰੀ ਫੰਡਿੰਗ ਨਾਲ ਵਾਈਬ੍ਰੈਂਟ ਵਿਲੇਜ ਪ੍ਰੋਗਰਾਮ-2 ਨੂੰ ਪ੍ਰਵਾਨਗੀ ਦੇ ਦਿੱਤੀ ਏ । ਇਸ ਪ੍ਰੋਗ੍ਰਾਮ ਵਿਚ ਪੰਜਾਬ ਵੀ ਸ਼ਾਮਿਲ ਏ .
- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਕਿਹਾ ਏ ਕਿ ਰਾਜ ਵਿੱਚ ਡਰੋਨਾਂ ਰਾਹੀਂ ਸਰਹੱਦ ਪਾਰ ਤੋਂ ਨਸ਼ੀਲੇ ਪਦਾਰਥਾਂ ਅਤੇ ਹਥਿਆਰਾਂ ਦੀ ਤਸਕਰੀ ਨਾਲ ਨਜਿੱਠਣ ਲਈ, ਕੇਂਦਰ ਨੇ ਡਰੋਨ ਵਿਰੋਧੀ 24 ਹੋਰ ਸਿਸਟਮ ਮਨਜ਼ੂਰ ਕੀਤੇ ਨੇ.

- ਸੂਬੇ ਦੇ ਕੈਬਿਨੇਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਏ ਕਿ ਇਸ ਸਾਲ ਕਣਕ ਦੀ ਵੱਡੀ ਪੈਦਾਵਾਰ ਦੀ ਉਮੀਦ ਦੇ ਮੱਦੇਨਜ਼ਰ, 124 ਲੱਖ ਮੀਟ੍ਰਿਕ ਟਨ ਕਣਕ ਦੀ ਖ਼ਰੀਦ ਦਾ ਟੀਚਾ ਰੱਖਿਆ ਗਿਆ ਏ।
- ਕੈਬਿਨੇਟ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਏ ਕਿ ਪੰਜਾਬ ਸਰਕਾਰ ਵੱਲੋਂ ਚਲਾਏ ਜਾ ਰਹੇ 'ਪ੍ਰੋਜੈਕਟ ਜੀਵਨਜੋਤ' ਤਹਿਤ ਹੁਣ ਤੱਕ 268 ਬੱਚਿਆਂ ਨੂੰ ਬਚਾਇਆ ਜਾ ਚੁਕਿਆ ਏ.
- ਭਾਰਤ ਦਾ ਹਿਤੇਸ਼ ਅੱਜ ਬ੍ਰਾਜ਼ੀਲ ਵਿੱਚ ਹੋਣ ਵਾਲੇ ਮੁੱਕੇਬਾਜ਼ੀ ਵਿਸ਼ਵ ਕੱਪ-2025 ਦੇ ਫਾਈਨਲ ਵਿੱਚ ਪਹੁੰਚਣ ਵਾਲਾ ਪਹਿਲਾ ਮੁੱਕੇਬਾਜ਼ ਬਣ ਗਿਆ ਏ.